## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: ਕੇ.ਡਬਲਿਉ. 10/73-12 ਅ 3(4)
ਮਿਤੀ, ਐਸ.ਏ.ਐਸ.ਨਗਰ :-16-01-2015

ਸ਼੍ਰੀਮਤੀ ਦਿੱਵਿਆ ਜੋਤੀ, ਮੈਥ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ (ਪਠਾਨਕੋਟ) ਨੂੰ ਇਸ ਦਫਤਰ ਦੇ ਹੁਕਮ ਨੰ: 8/14/10-11/ਭ.ਸ.07/ਮੈਥ ਮਿਤੀ 07.07.2011/27.07.2011 ਰਾਹੀਂ 17 ਵੱਖ-ਵੱਖ ਨਿਰਧਾਰਿਤ ਸ਼ਰਤਾਂ ਤਹਿਤ ਯਕਮੁਸਤ 5400/- ਪ੍ਰਤੀ ਮਹੀਨਾ ਮਿਹਨਤਾਨੇ ਤੇ ਨਿਰੋਲ ਠੇਕੇ ਦੇ ਆਧਾਰ ਤੇ ਬਤੌਰ ਮੈਥ ਮਿਸਟ੍ਰੈਸ ਜ਼ਿਲ੍ਹਾ ਗੁਰਦਾਸਪੁਰ ਲਈ ਪੇਸ਼ਕਸ਼ ਕੀਤੀ ਗਈ ਅਤੇ ਇਸ ਉਪਰੰਤ ਜ਼ਿਲ੍ਹਾ ਸਿੱਖਿਆ ਅਫਸਰ(ਸੈ:ਸਿ:) ਗੁਰਦਾਸਪੁਰ ਵੱਲੋਂ ਆਪਣੇ ਦਫਤਰੀ ਹੁਕਮ ਨੰ: ਅਮਲਾ-2011(ਅ-1)70552-54 ਮਿਤੀ 24-08-2011 ਰਾਹੀਂ ਸ਼੍ਰੀਮਤੀ ਦਿੱਵਿਆ ਜੋਤੀ ਪੁੱਤਰੀ ਸ਼੍ਰੀ ਤਿਲਕ ਰਾਜ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ ਵਿਖੇ ਬਤੌਰ ਮੈਥ ਮਿਸਟ੍ਰੈਸ ਤੈਨਾਤ ਕੀਤਾ ਗਿਆ। ਸ਼੍ਰੀਮਤੀ ਦਿੱਵਿਆ ਜੋਤੀ ਮਿਤੀ 23-04-12 ਤੋਂ ਹੁਣ ਤੱਕ ਲਗਾਤਾਰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰਹਾਜ਼ਰ ਚਲੀ ਆ ਰਹੀ ਹੈ।

**ਕਰਮਚਾਰਨ ਦੇ ਨਿਯੁਕਤੀ ਪੱਤਰ ਵਿੱਚ ਸ਼ਰਤ ਨੰ: 8 ਤੇ ਇਹ ਸਾਫ ਰੂਪ ਵਿੱਚ ਦਰਜ ਹੈ ਕਿ ਸ਼ੁਰੂ ਵਿੱਚ ਉਮੀਦਵਾਰ ਦੀ ਨਿਯੁਕਤੀ ਨਿਰੋਲ ਠਕੇ ਦੇ ਆਧਾਰ ਤੇ ਇੱਕ ਸਾਲ ਦੇ ਸਮੇਂ ਲਈ ਹੈ। ਇਹ ਠੇਕੇ ਤੇ ਨਿਯੁਕਤੀ ਅੱਗੇ ਇੱਕ ਸਾਲ ਲਈ ਹੋਰ ਵਧਾਈ ਜਾ ਸਕਦੀ ਹੈ ਬਸ਼ਰਤੇ ਕਿ ਉਸਦਾ ਕੰਮ ਅਤੇ ਵਿਵਹਾਰ ਸਮਰੱਥ ਅਧਿਕਾਰੀ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੋਵੇ। ਆਪ ਵੱਲੋਂ ਮਿਤੀ 23-04-2012 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰਹਾਜ਼ਰ ਰਹਿ ਕੇ ਆਪਣੇ ਗੈਰਤਸੱਲੀਬਖਸ਼ ਕੰਮ ਅਤੇ ਵਿਵਹਾਰ ਦਾ ਸਬੂਤ ਦਿੱਤਾ ਹੈ।**

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ, ਸਮਰੱਥ ਅਧਿਕਾਰੀ ਹੋਣ ਦੇ ਨਾਤੇ ਨਿਯੁਕਤੀ ਪੱਤਰ ਵਿੱਚ ਦਰਜ ਸ਼ਰਤ ਨੰ:8 ਦੇ ਸਨਮੁੱਖ ਸ਼੍ਰੀਮਤੀ ਦਿੱਵਿਆ ਜੋਤੀ, ਮੈਥ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ (ਪਠਾਨਕੋਟ) ਦੀ ਠੇਕਾ ਅਧਾਰਿਤ ਸੇਵਾਵਾਂ ਤਤਕਾਲ ਸਮੇਂ ਤੋਂ ਰੱਦ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ 1853-56
ਮਿਤੀ, ਐਸ.ਏ.ਐਸ.ਨਗਰ :-19/1/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ) ਪਠਾਨਕੋਟ ਨੂੰ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ ਮੁੱਖਅਧਿਆਪਕ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ (ਪਠਾਨਕੋਟ) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀਮਤੀ ਦਿੱਵਿਆ ਜੋਤੀ, ਮੈਥ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ (ਪਠਾਨਕੋਟ)।

19/1/15
ਸੁਪਰਡੰਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਫੇਸ-8, ਐਸ.ਏ.ਐਸ.ਨਗਰ।**

ਹੁਕਮ ਨੰ: 6/188-2006 ਅਮਲਾ-2 (1)/ਕੋ:ਸੈਲ(3)
ਮਿਤੀ, ਐਸ.ਏ.ਐਸ.ਨਗਰ : 09-01-2015

ਸ੍ਰੀਮਤੀ ਰਸ਼ਪਾਲ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੰਮਾ ਜੱਟਪੁਰਾ ਜਿਲਾ ਲੁਧਿਆਣਾ ਜੋ ਮਿਤੀ 01.07.2002 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 06/188-2006 ਅਮਲਾ-2(1) ਮਿਤੀ 24.10.2006 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵੱਲੀ 1970 ਦੇ ਨਿਯਮ 8 ਅਧੀਨ ਦੋਸ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਰਸ਼ਪਾਲ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੰਮਾ ਜੱਟਪੁਰਾ ਜਿਲਾ ਲੁਧਿਆਣਾ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 6/188-2006 ਅਮਲਾ-2(1) ਮਿਤੀ 28-07-2009 ਰਾਂਹੀ ਸ੍ਰੀਮਤੀ ਹਰਪਾਲ ਕੌਰ, ਜਿਲਾ ਸਿੱਖਿਆ ਅਫਸਰ (ਸੈ.ਸਿ.) ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 01.07.2002 ਤੋ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੁੰਦਾ ਹੈ। ਪੜਤਾਲੀਆ ਅਫਸਰ ਤੋ ਪ੍ਰਾਪਤ ਹੋਈ ਪੜਤਾਲ ਰਿਪੋਰਟ ਦੀ ਫੋਟੋ ਕਾਪੀ ਇਸ ਦਫਤਰ ਦੇ ਮੀਮੋ ਨੰ:: 6/188-2006 ਅਮਲਾ-2(1) ਮਿਤੀ 08-02-13 ਰਾਂਹੀ ਸ੍ਰੀਮਤੀ ਰਸ਼ਪਾਲ ਕੌਰ, ਸਾਇੰਸ ਮਿਸਟ੍ਰੈਸ, ਪਤਨੀ ਸ੍ਰੀ ਇਕਬਾਲ ਸਿੰਘ, ਮਕਾਨ ਨੰ: 3-ਆਰ, ਹੀਰਾ ਬਾਗ, ਜਗਰਾਉਂ ਜਿਲਾ ਲੁਧਿਆਣਾ ਨੂੰ ਭੇਜ ਕੇ 21 ਦਿਨਾਂ ਦੇ ਅੰਦਰ ਪੜਤਾਲ ਰਿਪੋਰਟ ਸਬੰਧੀ ਆਪਣਾ ਪੱਖ ਲਿਖਤੀ/ਨਿੱਜੀ ਤੌਰ ਤੇ ਪੇਸ਼ ਕਰਨ ਦਾ ਸਮਾਂ ਦਿੱਤਾ ਗਿਆ ਸੀ। ਇਸ ਪੱਤਰ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਨਿੱਜੀ ਤੌਰ ਤੇ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕੀਤਾ।

ਇਸ ਦਫਤਰ ਵਲੋਂ ਡਿਊਟੀ ਤੋਂ ਲਗਾਤਾਰ ਵੱਖ-ਵੱਖ ਮਿਤੀਆਂ ਤੋਂ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਵਾਲੇ ਮਾਸਟਰ/ਮਿਸਟ੍ਰੈਸਾ ਸਬੰਧੀ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਇਕ ਸਾਂਝਾ ਇਸਤਿਹਾਰ ਅਖਬਾਰ ਵਿੱਚ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 2 ਤੇ ਇਸ ਕਰਮਚਾਰਨ ਦਾ ਨਾਂ ਵੀ ਸਾਮਲ ਸੀ। ਇਹ ਇਸ਼ਤਿਹਾਰ ਮਿਤੀ 31-08-14 ਨੂੰ ਪ੍ਰਕਾਸ਼ਿਤ ਹੋਇਆ ਜਿਸ ਰਾਹੀਂ ਸ੍ਰੀਮਤੀ ਰਸ਼ਪਾਲ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੰਮਾ ਜੱਟਪੁਰਾ ਜਿਲਾ ਲੁਧਿਆਣਾ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁੱਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਰਸ਼ਪਾਲ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੰਮਾ ਜੱਟਪੁਰਾ ਜਿਲਾ ਲੁਧਿਆਣਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 01.07.2002 ਤੋ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (Viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 1029-38
ਮਿਤੀ, ਐਸ.ਏ.ਐਸ.ਨਗਰ : 16/1/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ।
3. ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੰਮਾ ਜੱਟਪੁਰਾ ਜਿਲਾ ਲੁਧਿਆਣਾ ਨੂੰ ਸਬੰਧਤ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਰਸ਼ਪਾਲ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੰਮਾ ਜੱਟਪੁਰਾ ਜਿਲਾ ਲੁਧਿਆਣਾ।

ਨੱਥੀ: ਸੇਵਾਪੱਤਰੀ (ਅਸਲ)

15/1/15
ਸੁਪਰਡੰਟ ਕੋਆਰਡੀਨੇਸਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਫੇਸ-8, ਐਸ.ਏ.ਐਸ.ਨਗਰ।**

ਹੁਕਮ ਨੰ: 6/188-2010 ਅਮਲਾ-2 (1)/ਕੋ:ਸੈਲ(3)
ਮਿਤੀ, ਐਸ.ਏ.ਐਸ.ਨਗਰ : 09-1-2015

ਸ੍ਰੀਮਤੀ ਰਵਿੰਦਰ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਪਾਇਲ ਜਿਲਾ ਲੁਧਿਆਣਾ ਜੋ ਮਿਤੀ 15.05.2008 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੋਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 06/188-2010 ਅਮਲਾ-2(1) ਮਿਤੀ 07.09.2010 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵੱਲੀ 1970 ਦੇ ਨਿਯਮ 8 ਅਧੀਨ ਦੋਸ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਰਵਿੰਦਰ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਪਾਇਲ ਜਿਲਾ ਲੁਧਿਆਣਾ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 6/188-2010 ਅਮਲਾ-2(1) ਮਿਤੀ 03-12-2010 ਰਾਂਹੀ ਸ੍ਰੀਮਤੀ ਸ਼ਸੀ ਤ੍ਰੇਹਣ, ਸੀਨੀਅਰ ਲੈਕਚਰਾਰ, ਸਰਕਾਰੀ ਇਨ ਸਰਵਿਸ ਟ੍ਰੇਨਿੰਗ ਸੈਂਟਰ, ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 15.05.2008 ਤੋ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੁੰਦਾ ਹੈ। ਪੜਤਾਲੀਆ ਅਫਸਰ ਤੋ ਪ੍ਰਾਪਤ ਹੋਈ ਪੜਤਾਲ ਰਿਪੋਰਟ ਦੀ ਫੋਟੋ ਕਾਪੀ ਇਸ ਦਫਤਰ ਦੇ ਮੀਮੋ ਨੰ:: 6/188-2010 ਅਮਲਾ-2(1) ਮਿਤੀ 16.03.2012 ਰਾਂਹੀ ਸ੍ਰੀਮਤੀ ਰਵਿੰਦਰ ਕੋਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਪਾਇਲ ਜਿਲਾ ਲੁਧਿਆਣਾ ਨੂੰ ਭੇਜ ਕੇ 21 ਦਿਨਾਂ ਦੇ ਅੰਦਰ ਪੜਤਾਲ ਰਿਪੋਰਟ ਸਬੰਧੀ ਆਪਣਾ ਪੱਖ ਲਿਖਤੀ/ਨਿੱਜੀ ਤੌਰ ਤੇ ਪੇਸ਼ ਕਰਨ ਦਾ ਸਮਾਂ ਦਿੱਤਾ ਗਿਆ ਸੀ। ਇਸ ਪੱਤਰ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਨਿੱਜੀ ਤੌਰ ਤੇ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕੀਤਾ।

ਇਸ ਦਫਤਰ ਵਲੋਂ ਡਿਊਟੀ ਤੋਂ ਲਗਾਤਾਰ ਵੱਖ-ਵੱਖ ਮਿਤੀਆਂ ਤੋਂ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਵਾਲੇ ਮਾਸਟਰ/ਮਿਸਟ੍ਰੈਸਾਂ ਸਬੰਧੀ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਇਕ ਸਾਂਝਾ ਇਸਤਿਹਾਰ ਅਖਬਾਰ ਵਿੱਚ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 5 ਤੇ ਇਸ ਕਰਮਚਾਰਨ ਦਾ ਨਾਂ ਵੀ ਸਾਮਲ ਸੀ। ਇਹ ਇਸ਼ਤਿਹਾਰ ਮਿਤੀ 31-08-14 ਨੂੰ ਪ੍ਰਕਾਸ਼ਿਤ ਹੋਇਆ ਜਿਸ ਰਾਹੀਂ ਸ੍ਰੀਮਤੀ ਰਵਿੰਦਰ ਕੋਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਪਾਇਲ ਜਿਲਾ ਲੁਧਿਆਣਾ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁੱਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ । ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਰਵਿੰਦਰ ਕੋਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਪਾਇਲ ਜਿਲਾ ਲੁਧਿਆਣਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 15.05.2008 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (Viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 1025-28 ਮਿਤੀ, ਐਸ.ਏ.ਐਸ.ਨਗਰ : 16/1/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ।
3. ਮੁੱਖ ਅਧਿਆਪਕ, ਸਰਕਾਰੀ ਹਾਈ ਸਕੂਲ, ਪਾਇਲ ਜਿਲਾ ਲੁਧਿਆਣਾ ਨੂੰ [redacted] ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਰਵਿੰਦਰ ਕੋਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਪਾਇਲ ਜਿਲਾ ਲੁਧਿਆਣਾ ।

[redacted]

16/1/15
ਸੁਪਰਡੰਟ ਕੋਆਰਡੀਨੇਸ਼ਨ ਸੈਲ